# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :20-11-2025**

ਰਾਸ਼ਟਰੀ ਲੋਕਤੰਤਰੀ ਗਠਜੋੜ-ਐਨ.ਡੀ.ਏ. ਵਿਧਾਇਕ ਦਲ ਦੇ ਨੇਤਾ ਨਿਤੀਸ਼ ਕੁਮਾਰ ਨੇ ਅੱਜ ਦਸਵੀਂ ਵਾਰ ਬਿਹਾਰ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਸਹੁੰ ਚੁੱਕ ਸਮਾਗਮ ਪਟਨਾ ਦੇ ਇਤਿਹਾਸਕ ਗਾਂਧੀ ਮੈਦਾਨ ਵਿੱਚ ਹੋਇਆ। ਭਾਜਪਾ ਆਗੂਆਂ ਵਿੱਚ ਸਮਰਾਟ ਚੌਧਰੀ, ਵਿਜੇ ਕੁਮਾਰ ਸਿਨਹਾ, ਮੰਗਲ ਪਾਂਡੇ, ਨਿਤਿਨ ਨਵੀਨ ਅਤੇ ਰਾਮਕ੍ਰਿਪਾਲ ਯਾਦਵ ਸ਼ਾਮਲ ਸਨ, ਜਿਨ੍ਹਾਂ ਨੇ ਨਿਤੀਸ਼ ਕੁਮਾਰ ਦੀ ਕੈਬਨਿਟ ਵਿੱਚ ਮੰਤਰੀ ਵਜੋਂ ਸਹੁੰ ਚੁੱਕੀ। ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਭਾਜਪਾ ਸ਼ਾਸਿਤ ਰਾਜਾਂ ਦੇ ਮੁੱਖ ਮੰਤਰੀ ਮੌਜੂਦ ਸਨ। ਐਨ.ਡੀ.ਏ. ਨੇ ਹਾਲ ਹੀ ਵਿੱਚ ਹੋਈਆਂ ਰਾਜ ਵਿਧਾਨ ਸਭਾ ਚੋਣਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਦਿਆਂ 243 ਮੈਂਬਰੀ ਵਿਧਾਨ ਸਭਾ ਵਿੱਚ 202 ਸੀਟਾਂ ਜਿੱਤ ਕੇ ਸੱਤਾ ਵਿੱਚ ਵਾਪਸੀ ਕੀਤੀ ਏ।

---------------------------------------------------

ਸ੍ਰੀਨਗਰ ਦੇ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ ਸਾਹਿਬ ਤੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਬੀਤੇ ਕੱਲ੍ਹ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਮੌਕੇ ਸੰਗਤ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਪ੍ਰਧਾਨ ਅਰਵਿੰਦ ਕੇਜਰੀਵਾਲ ਅਤੇ ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਵੀ ਸ਼ਿਰਕਤ ਕੀਤੀ। ਇਹ ਨਗਰ ਕੀਰਤਨ ਵੱਖ-ਵੱਖ ਸ਼ਹਿਰਾਂ ਜੰਮੂ, ਪਠਾਨਕੋਟ, ਦਸੂਹਾ, ਹੁਸ਼ਿਆਰਪੁਰ, ਮਾਹਿਲਪੁਰ ਤੇ ਗੜ੍ਹਸ਼ੰਕਰ ਤੇ ਹੋਰ ਨਗਰਾਂ ਵਿੱਚੋਂ ਗੁਜ਼ਰਦਾ ਹੋਇਆ 22 ਨਵੰਬਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਵੇਗਾ।

---------------------------------------------------

ਨੌਵੀਂ ਪਾਤਸ਼ਾਹੀ ਗੁਰੂ ਤੇਗ਼ ਬਹਾਦਰ ਜੀ ਦੀ ਚਰਨ ਛੋਹ ਪ੍ਰਾਪਤ ਅਸਾਮ ਦੇ ਧੋਬੜੀ ਸਾਬ ਤੋਂ ਚੱਲਿਆ ਨਗਰ ਕੀਰਤਨ ਅੱਜ ਮੁਹਾਲੀ ਪੁੱਜਾ। ਵੱਡੀ ਗਿਣਤੀ ਵਿਚ ਸੰਗਤਾਂ ਬੱਸ ਰੂਪੀ ਪਾਲਕੀ ਵਿਚ ਸੁਸ਼ੋਭਿਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋਈਆਂ । ਨਗਰ ਕੀਰਤਨ ਅੱਜ ਰਾਤ ਫ਼ਤਹਿਗੜ ਸਾਹਿਬ ਵਿਖੇ ਪੁੱਜੇਗਾ ਅਤੇ 23 ਤਰੀਕ ਨੂੰ ਸ੍ਰੀ ਅਨੰਦਪੁਰ ਸਾਹਿਬ ਪੁੱਜੇਗਾ। ਇਸ ਮੌਕੇ ਮੋਟਰ ਸਾਈਕਲ ਤੇ ਅਸਾਮ ਤੋਂ ਪਿਛਲੇ ਤਿੰਨ ਮਹੀਨਿਆਂ ਤੋਂ ਨਗਰ ਕੀਰਤਨ ਦੇ ਨਾਲ ਚਲ ਰਹੇ ਲੁਧਿਆਣਾ

ਵਾਸੀ ਵਰਿੰਦਰ ਸਿੰਘ ਨੇ ਦੱਸਿਆ ਕਿ ਨਗਰ ਕੀਰਤਨ ਦਾ ਸਮੁੱਚੇ ਭਾਰਤ ਵਿੱਚ ਭਰਵਾਂ ਸਵਾਗਤ ਕੀਤਾ ਗਿਆ ਏ।

------------------------------------------------

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਰੋਹਾਂ ਨੂੰ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਏ। ਇਸੇ ਲੜੀ ਤਹਿਤ ਚਾਰ ਵਿਸ਼ਾਲ ਨਗਰ ਕੀਰਤਨਾਂ ਵਿਚੋਂ ਬਾਬਾ ਫਰੀਦ ਜੀ ਦੇ ਤਪ ਅਸਥਾਨ ਰਿਆਸਤੀ ਕਿਲ੍ਹਾ ਮੁਬਾਰਕ ਫਰੀਦਕੋਟ ਤੋਂ ਅੱਜ ਆਰੰਭ ਹੋਇਆ ਨਗਰ ਕੀਰਤਨ ਫਿਰੋਜ਼ਪੁਰ, ਮੋਗਾ, ਜਗਰਾਉਂ, ਲੁਧਿਆਣਾ, ਫਤਹਿਗੜ੍ਹ ਸਾਹਿਬ ਤੇ ਚਮਕੌਰ ਸਾਹਿਬ ਹੁੰਦੇ ਹੋਏ 22 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਪਹੁੰਚੇਗਾ। ਸੂਬੇ ਦੇ ਸਮਾਜਿਕ ਨਿਆਂ ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਪੰਜਾਬ ਡਾ. ਬਲਜੀਤ ਕੌਰ ਨੇ ਫਰੀਦਕੋਟ ਤੋਂ ਸ਼੍ਰੀ ਆਨੰਦਪੁਰ ਸਾਹਿਬ ਲਈ ਰਵਾਨਾ ਹੋਣ ਵਾਲੇ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ।

------------------------------------------------

ਹਰਮੀਤ ਸਿੰਘ ਸੰਧੂ ਨੇ ਅੱਜ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਆਮ ਆਦਮੀ ਪਾਰਟੀ ਦੇ ਨਵੇਂ ਚੁਣੇ ਗਏ ਵਿਧਾਇਕ ਵਜੋਂ ਸਹੁੰ ਚੁੱਕ ਲਈ ਏ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ

ਨੂੰ ਅਹੁਦੇ ਦੀ ਸਹੁੰ ਚੁਕਾਈ। ਸੰਧੂ ਨੇ ਹਾਲ ਹੀ ਵਿੱਚ ਹੋਈ ਤਰਨਤਾਰਨ ਜ਼ਿਮਨੀ ਚੋਣ ਵਿਚ ਜਿੱਤ ਪ੍ਰਾਪਤ ਕੀਤੀ ਸੀ। ਵਿਧਾਇਕ ਕਸ਼ਮੀਰ ਸਿੰਘ ਸੋਹਲ ਦੇ ਦੇਹਾਂਤ ਤੋਂ ਬਾਅਦ ਇਹ ਜ਼ਿਮਨੀ ਚੋਣ ਕਰਵਾਈ ਗਈ ਸੀ।

---------------------------------------------------------------

ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦਾ ਵਣ ਅਤੇ ਵਣਜੀਵ ਵਿਭਾਗ, ਦੇਹਰਾਦੂਨ ਦੇ ਭਾਰਤੀ ਜੰਗਲੀ ਜੀਵ ਸੰਸਥਾਨ ਦੇ ਸਹਿਯੋਗ ਨਾਲ, ਅੱਜ ਤੋਂ 28 ਨਵੰਬਰ ਤੱਕ ਸੁਖਨਾ ਵਾਈਲਡ ਲਾਈਫ ਸੈਂਕਚੂਰੀ, ਚੰਡੀਗੜ੍ਹ ਅਤੇ ਬੋਟੈਨੀਕਲ ਗਾਰਡਨ, ਸੁਖਨਾ ਚੋਅ ਰਿਜ਼ਰਵ ਫਾਰੈਸਟ ਅਤੇ ਲੇਕ ਫਾਰੈਸਟ ਆਦਿ ਸਮੇਤ ਵੱਖ-ਵੱਖ ਵਣ ਖੇਤਰਾਂ ਵਿੱਚ ਵਣਜੀਵ ਸਰਵੇਖਣ ਕਰ ਰਿਹਾ ਏ। ਇਸ ਵਰ੍ਹੇ ਇਸ ਸਰਵੇਖਣ ਦਾ ਦਾਇਰਾ ਵਧਾਉਂਦੇ ਹੋਏ ਥਣਧਾਰੀ ਜਾਨਵਰਾਂ, ਪੰਛੀਆਂ, ਸੱਪਾਂ ਅਤੇ ਰਿਹਾਇਸ਼ੀ ਮਾਪਦੰਡਾਂ ਸਹਿਤ ਵੱਖ-ਵੱਖ ਹੋਰਨਾ ਪਰਾਣੀ ਸਮੂਹਾਂ ਦੀ ਨਿਗਰਾਨੀ ਸ਼ਾਮਲ ਕੀਤੀ ਗਈ ਏ। ਸਰਵੇਖਣ ਵਿੱਚ ਸੁਖਨਾ ਝੀਲ 'ਤੇ ਏਸ਼ੀਅਨ ਵਾਟਰਬਰਡ ਕਾਊਂਟ ਦਾ ਸਮਾਵੇਸ਼ ਕੀਤਾ ਗਿਆ ਏ ਜਿਸ ਨਾਲ ਖੇਤਰ ਦੀ ਜੈਵ ਵਿਵਿਧਤਾ ਦੇ ਵਧੇਰੇ ਵਿਆਪਕ ਮੁੱਲਾਂਕਣ ਵਿੱਚ ਸਹਾਇਤਾ ਮਿਲੇਗੀ। ਸਰਵੇਖਣ ਵਿਚ ਆਧੁਨਿਕ ਤਕਨੀਕਾਂ ਦਾ ਉਪਯੋਗ ਕੀਤਾ ਜਾ ਰਿਹਾ ਏ, ਜਿਨ੍ਹਾਂ ਵਿੱਚ ਕੈਮਰਾ ਟ੍ਰੈਪ, ਟ੍ਰਾਂਜ਼ੈਕਟ ਲਾਈਨਾਂ, ਅਪ੍ਰਤੱਖ ਅਨੁਮਾਨ ਲਾਉਣ ਦੇ ਢੰਗ ਆਦਿ ਸ਼ਾਮਲ ਨੇ। ਸਰਵੇਖਣ ਰਾਤ ਦੇ ਸਮੇਂ ਵੀ ਕੀਤਾ ਜਾਵੇਗਾ ਤਾਂ ਕਿ

ਰਾਤ ਨੂੰ ਚੱਲਣ ਵਾਲੇ ਜਾਨਵਰਾਂ ਅਤੇ ਪੰਛੀਆਂ ਨੂੰ ਵੀ ਸ਼ਾਮਲ ਕੀਤਾ ਜਾ ਸਕੇ। ਇਸ ਸੰਦਰਭ ਵਿੱਚ ਬੀਤੇ ਕੱਲ੍ਹ ਵੱਖ-ਵੱਖ ਸਰਕਾਰੀ ਵਿਭਾਗਾਂ, ਹਿਤਧਾਰਕ ਵਿਭਾਗਾਂ, ਗ਼ੈਰ-ਸਰਕਾਰੀ ਸੰਗਠਨਾਂ ਅਤੇ ਵਲੰਟੀਅਰਾਂ ਲਈ ਇੱਕ ਸਮਰੱਥਾ ਨਿਰਮਾਣ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਸੀ।

---------------------------------------------------

ਅੱਜ ਸਵੇਰੇ ਗੁਰਦਾਸਪੁਰ ਵਿੱਚ ਇੱਕ ਸੜਕ ਹਾਦਸੇ ਵਿੱਚ ਇੱਕੋ ਪਰਿਵਾਰ ਦੇ ਦੋ ਜੀਆਂ ਦੀ ਮੌਤ ਹੋ ਗਈ। ਮਰਨ ਵਾਲਿਆਂ ਵਿੱਚ ਪਿਤਾ ਅਤੇ ਧੀ ਸ਼ਾਮਲ ਹਨ ਜਦੋਂ ਕਿ ਪਿਛਲੀਆਂ ਸੀਟਾਂ 'ਤੇ ਬੈਠੇ ਪਰਿਵਾਰ ਦੇ ਦੋ ਹੋਰ ਮੈਂਬਰ, ਮਾਂ ਅਤੇ ਪੁੱਤਰ, ਜ਼ਖਮੀ ਹੋ ਗਏ ਨੇ। ਜ਼ਖਮੀਆਂ ਨੂੰ ਸਥਾਨਕ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ। ਸਾਡੇ ਪੱਤਰਕਾਰ ਨੇ ਦੱਸਿਐ ਕਿ ਇਹ ਪਰਿਵਾਰ ਗੁਰਦਾਸਪੁਰ ਤੋਂ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਤੋਂ ਬਾਅਦ ਮੁਕੇਰੀਆਂ ਵਾਪਸ ਆ ਰਿਹਾ ਸੀ, ਜਦੋਂ ਉਨ੍ਹਾਂ ਦੀ ਗੱਡੀ ਇੱਕ ਟਿੱਪਰ ਨਾਲ ਟਕਰਾ ਗਈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

---------------------------------------------------

ਨੌਜਵਾਨ ਮਾਮਲੇ ਅਤੇ ਖੇਡ ਮੰਤਰਾਲੇ ਦੇ ਮਾਈ ਭਾਰਤ ਦੀ ਜਲੰਧਰ ਇਕਾਈ ਵਲੋਂ ਭਲਕੇ 21 ਮਾਰਚ ਨੂੰ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਰਦਾਰ@150-ਏਕਤਾ ਮਾਰਚ ਦਾ ਆਯੋਜਨ ਕੀਤਾ

ਜਾਵੇਗਾ। ਇਸ ਬਾਰੇ ਇਕ ਪ੍ਰੈਸ ਕਾਨਫਰੰਸ ਵਿਚ ਵਧੀਕ ਡਿਪਟੀ ਕਮਿਸ਼ਨਰ ਅਮਨਿੰਦਰ ਕੌਰ ਬਰਾੜ ਨੇ ਕਿਹਾ ਕਿ ਏਕਤਾ ਮਾਰਚ ਦਾ ਉਦੇਸ਼ ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਨਮ ਵਰ੍ਹੇਗੰਢ ਦੇ ਸਿਲਸਿਲੇ ਵਿਚ ਭਾਰਤ ਦੀ ਏਕਤਾ ਅਤੇ ਏਕੀਕਰਨ ਵਿੱਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਦਾ ਸਨਮਾਨ ਕਰਨਾ ਏ।

---------------------------------------------------------